# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 19:30

**ਮਿਤੀ : 05-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਸਿੱਖਿਆ ਸਾਡੇ ਸੰਵਿਧਾਨ ਵਿੱਚ ਦਰਜ ਮੌਕੇ ਦੀ ਸਮਾਨਤਾ ਦੇ ਆਦਰਸ਼ ਨੂੰ ਸਾਕਾਰ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ, ਸ਼੍ਰੀ ਰਾਮ ਕਾਲਜ ਆਫ਼ ਕਾਮਰਸ (SRCC) ਦੇ ਸ਼ਤਾਬਦੀ ਸਮਾਰੋਹ ਵਿੱਚ ਹਿੱਸਾ ਲੈ ਰਹੇ ਨੇ।

- ਭਾਰਤ ਦੇ ਚੀਫ਼ ਜਸਟਿਸ, ਜਸਟਿਸ ਸੂਰਿਆ ਕਾਂਤ ਨੇ ਕਿਹਾ ਏ ਕਿ ਬ੍ਰਿਕਸ ਮੈਂਬਰ ਦੇਸ਼ਾਂ ਅਤੇ ਭਾਈਵਾਲ ਦੇਸ਼ਾਂ ਵਿਚਕਾਰ ਗੱਲਬਾਤ ਬਣਾਈ ਰੱਖਣ, ਅਤੇ ਵਿਸ਼ਵਾਸ ਵਧਾਉਣ ਲਈ ਵਿਚੋਲਗੀ ਨੂੰ ਮਜ਼ਬੂਤ ਕੀਤਾ ਜਾਣਾ ਚਾਹੀਦਾ ਏ।

- ਅਮਲੇ, ਲੋਕ ਸ਼ਿਕਾਇਤਾਂ ਅਤੇ ਪੈਨਸ਼ਨਾਂ ਬਾਰੇ ਕੇਂਦਰੀ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਸੇਵਾ ਨੇਮਾਂ ਨੂੰ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਪ੍ਰਤੀ ਵਧੇਰੇ ਸੰਵੇਦਨਸ਼ੀਲ ਬਣਾਉਣ ਲਈ ਲਗਾਤਾਰ ਯਤਨ ਕਰਨ ਦਾ ਸੱਦਾ ਦਿੱਤਾ ਏ।

- ਔਰਤਾਂ ਦੇ ਕ੍ਰਿਕੇਟ ਵਿੱਚ, twenty-twenty ਏਸ਼ੀਆ ਕੱਪ ਦੇ ਗਰੁੱਪ 'ਏ' ਦੇ ਆਖਰੀ ਮੈਚ ਵਿੱਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ।

## *ਹੁਣ ਖਬਰਾਂ ਵਿਸਥਾਰ ਨਾਲ*

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਇੱਕ ਵਿਕਸਿਤ ਭਾਰਤ ਦਾ ਟੀਚਾ ਸਿਰਫ਼ ਗੁਣਵੱਤਾ ਪੂਰਨ ਸਿੱਖਿਆ ਰਾਹੀਂ ਹੀ ਹਾਸਿਲ ਕੀਤਾ ਜਾ ਸਕਦਾ ਏ। ਅਧਿਆਪਕ ਦਿਵਸ ਦੇ ਮੌਕੇ 'ਤੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਅਧਿਆਪਕ ਅਵਾਰਡ 2026 ਸਮਾਰੋਹ ਵਿੱਚ ਬੋਲਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਇੱਕ ਸਮਾਜ ਜੋ ਆਪਣੇ ਅਧਿਆਪਕਾਂ ਦਾ ਸਤਿਕਾਰ ਕਰਦਾ ਏ, ਓਹ ਸਹੀ ਮਾਇਨਿਆਂ ‘ਚ ਇੱਕ ਅਗਾਂਹਵਧੂ ਸਮਾਜ ਹੁੰਦਾ ਏ. ਉਨ੍ਹਾਂ ਕਿਹਾ ਕਿ ਸਿੱਖਿਆ ਸਾਡੇ ਸੰਵਿਧਾਨ ਵਿੱਚ ਦਰਜ

ਮੌਕੇ ਦੀ ਸਮਾਨਤਾ ਦੇ ਆਦਰਸ਼ ਨੂੰ ਸਾਕਾਰ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਏ –

**BYTE: PREZ DROP OUT**

ਰਾਸ਼ਟਰਪਤੀ ਨੇ ਇਹ ਵੀ ਕਿਹਾ ਕਿ ਅਧਿਆਪਕ ਮੋਹਰਲੀ ਸਫ਼ ਦੇ ਰਾਸ਼ਟਰ ਨਿਰਮਾਤਾ ਨੇ –

**BYTE: PREZ TEACHERS DAY**

ਰਾਸ਼ਟਰਪਤੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੇ ਬਹੁਤ ਸਾਰੇ ਵਿਦਿਆਰਥੀ ਆਪਣੇ ਪਰਿਵਾਰਾਂ ਵਿੱਚ ਸਿਖਿਆ ਹਾਸਿਲ ਕਰਨ ਵਾਲੇ ਪਹਿਲੇ ਵਿਅਕਤੀ ਨੇ ਅਤੇ ਆਮ ਦਿਹਾਤੀ ਸਕੂਲਾਂ ਤੋਂ ਵੱਡੇ ਸ਼ਹਿਰਾਂ ਦੇ ਸਕੂਲਾਂ ਵਿੱਚ ਜਾਂਦੇ ਨੇ. ਉਨ੍ਹਾਂ ਕਿਹਾ ਕਿ ਕੁਝ ਬੱਚੇ ਸੁਭਾਅ ਤੋਂ ਸ਼ਰਮੀਲੇ ਹੁੰਦੇ ਨੇ, ਕੁਝ ਵਿੱਚ ਬੇਹਦ ਹੁਨਰ ਹੁੰਦਾ ਏ, ਪਰ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਦੀ ਘਾਟ ਹੁੰਦੀ ਏ, ਅਤੇ ਕੁਝ ਵਿੱਚ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚੇ ਹੁੰਦੇ ਨੇ. ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀ ਇੱਕ ਵਿਸ਼ੇਸ਼ ਜ਼ਿੰਮੇਵਾਰੀ ਹੁੰਦੀ ਏ ਕਿ ਉਹ ਓਹਨਾਂ ‘ਚਆਤਮ-ਵਿਸ਼ਵਾਸ ਪੈਦਾ ਕਰਨ ਅਤੇ ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਉੱਚਾ ਚੁੱਕਣ ਜੋ, ਕਿਸੇ ਵੀ ਕਾਰਨ ਕਰਕੇ, ਆਪਣੇ ਨੂੰ ਘੱਟ ਮਹਿਸੂਸ ਕਰਦੇ ਨੇ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰਾਸ਼ਟਰੀ ਅਧਿਆਪਕ ਅਵਾਰਡ ਵੀ ਪ੍ਰਦਾਨ ਕੀਤੇ। ਇਹ ਅਵਾਰਡ 27 ਰਾਜਾਂ, ਸੱਤ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਅਤੇ ਕੇਂਦਰ ਸਰਕਾਰ ਦੇ ਛੇ ਸੰਗਠਨਾਂ ਤੋਂ ਚੁਣੇ ਗਏ 48 ਸਕੂਲ

ਅਧਿਆਪਕਾਂ ਨੂੰ ਦਿੱਤੇ ਗਏ ਨੇ। ਸਰਕਾਰੀ ਵਿਕਟੋਰੀਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਦੇ ਅਧਿਆਪਕ ਸ੍ਰੀ ਦਿਨੇਸ਼ ਕੁਮਾਰ ਵੀ ਸਨਮਾਨਿਤ ਹੋਏ ਅਧਿਆਪਕਾਂ ਵਿਚ ਸ਼ਾਮਿਲ ਨੇ ਜਿਹਨਾਂ ਨੇ ਸਿੱਖਿਆ ਖੇਤਰ ਵਿੱਚ ਮਿਸਾਲੀ ਯੋਗਦਾਨ ਲਈ ਵੱਕਾਰੀ ਕੌਮੀ ਅਧਿਆਪਕ ਅਵਾਰਡ, ਜਿੱਤ ਕੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ ਏ।

**BYTE: DINESH KUMAR**

ਰਾਸ਼ਟਰਪਤੀ ਨੇ ਉੱਚ ਸਿੱਖਿਆ ਸੰਸਥਾਵਾਂ ਅਤੇ ਪੌਲੀਟੈਕਨਿਕਾਂ ਦੇ 21 ਅਧਿਆਪਕਾਂ ਅਤੇ ਫੈਕਲਟੀ ਮੈਂਬਰਾਂ ਨੂੰ ਵੀ ਰਾਸ਼ਟਰੀ ਅਧਿਆਪਕ ਅਵਾਰਡ ਪ੍ਰਦਾਨ ਕੀਤੇ।

---

ਪੰਜਾਬ ਸਰਕਾਰ ਨੇ ਵੀ ਮੋਹਾਲੀ ਵਿਖੇ ਅਧਿਆਪਕ ਦਿਵਸ ਦੇ ਮੌਕੇ 'ਤੇ ਸੂਬਾ ਪੱਧਰੀ ਪ੍ਰੋਗਰਾਮ ਵਿੱਚ ਅਧਿਆਪਕਾਂ ਨੂੰ ਸਨਮਾਨਿਤ ਕੀਤਾ।

ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਨੂੰ ਸ਼ਰਧਾਂਜਲੀ ਭੇਟ ਕਰਨ ਤੋਂ ਬਾਅਦ ਸੂਬੇ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਧਿਆਪਕਾਂ ਨੂੰ ਓਹਨਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਸਨਮਾਨਿਤ ਕੀਤਾ –

**BYTE: CM TEACHERS DAY**

---

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਦੇਸ਼ ਭਰ ਦੇ ਅਧਿਆਪਕਾਂ ਨੂੰ ਉਨ੍ਹਾਂ ਦੀ ਨਿਰਸਵਾਰਥ ਸੇਵਾ ਅਤੇ ਭਾਰਤ ਦੇ ਭਵਿੱਖ ਨੂੰ ਨੁਹਾਰ ਦੇਣ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸ਼ਰਧਾਂਜਲੀ ਭੇਟ ਕੀਤੀ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ, ਸ਼੍ਰੀ ਰਾਮ ਕਾਲਜ ਆਫ਼ ਕਾਮਰਸ (SRCC) ਦੇ ਸ਼ਤਾਬਦੀ ਸਮਾਰੋਹ ਵਿੱਚ ਹਿੱਸਾ ਲੈ ਰਹੇ ਨੇ. SRCC, ਜੋ ਕਿ ਦਿੱਲੀ ਯੂਨੀਵਰਸਿਟੀ ਦਾ ਇੱਕ ਹਿੱਸਾ ਏ, ਦੇਸ਼ ਦੀਆਂ ਪ੍ਰਮੁੱਖ ਉੱਚ ਸਿੱਖਿਆ ਸੰਸਥਾਵਾਂ ਵਿੱਚੋਂ ਇੱਕ ਏ। ਇਸ ਵਿੱਚ COMMERCE, ਅਰਥਸ਼ਾਸਤਰ ਅਤੇ MANAGEMENT ਦੀ ਪੜ੍ਹਾਈ ਕਰਾਈ ਜਾਂਦੀ ਏ। ਕਾਲਜ ਦੀ ਸਥਾਪਨਾ 1926 ਵਿੱਚ ਸਨਅਤਕਾਰ ਅਤੇ ਸਮਾਜਸੇਵੀ, Sir ਸ਼੍ਰੀ ਰਾਮ ਵੱਲੋਂ ਕੀਤੀ ਗਈ ਸੀ। ਪਿਛਲੇ 100 ਸਾਲਾਂ ਵਿੱਚ, ਸੰਸਥਾ ਨੇ ਬਹੁਤ ਸਾਰੇ ਵਿਦਵਾਨ, ਪੇਸ਼ੇਵਰ ਅਤੇ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਦੇਣ ਵਾਲੀਆਂ ਪ੍ਰਤਿਭਾਵਾਂ ਪੈਦਾ ਕੀਤੀਆਂ ਨੇ।

---

ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਏ ਕਿ ਭਾਰਤ ਸ਼ਿਲਾਲੇਖਾਂ ਅਤੇ ਸਮੁੰਦਰੀ ਵਪਾਰ ਤੋਂ ਲੈ ਕੇ ਗਣਿਤ ਤੱਕ ਆਪਣੇ ਵਿਰਸੇ ਦਾ ਅਧਿਐਨ ਕਰਨ ਅਤੇ ਇਸਨੂੰ ਮੁੜ੍ਹ ਗੌਰਵਸ਼ਾਲੀ ਬਣਾਉਣ ਵਿੱਚ ਵੱਧ ਤੋਂ ਵੱਧ ਵਿਸ਼ਵਾਸ ਰੱਖਦਾ ਏ । ਅੱਜ ਨਵੀਂ ਦਿੱਲੀ ਵਿੱਚ ਸਾਲਾਨਾ ਇਤਿਹਾਸ ਪੁਰਸਕਾਰ ਸਮਾਰੋਹ ਅਤੇ ਡਾ. ਐਸ.ਐਲ. ਭੈਰੱਪਾ ਯਾਦਗਾਰੀ ਭਾਸ਼ਣ ਨੂੰ ਸੰਬੋਧਨ ਕਰਦਿਆਂ ਖਜ਼ਾਨਾ ਮੰਤਰੀ ਨੇ ਕਿਹਾ ਕਿ ਉਪਨਿਵੇਸ਼ੀਕਰਨ ਦਾ ਅਰਥ ਇਤਿਹਾਸਕ ਪੁਰਾਲੇਖ ਦਾ ਪਸਾਰ ਕਰਨਾ, ਹੋਰ ਭਾਸ਼ਾਵਾਂ ਲਿਆਉਣਾ ਅਤੇ ਵਿਦਵਾਨਾਂ ਦੇ ਇੱਕ ਵਿਸ਼ਾਲ ਦਾਇਰੇ ਨੂੰ ਦੇਸ਼ ਦੇ ਅਤੀਤ ਦੀ ਵਿਆਖਿਆ ਕਰਨ ਵਿੱਚ ਆਵਾਜ਼ ਦੇਣਾ ਹੋਣਾ ਚਾਹੀਦਾ ਏ। ਉਨ੍ਹਾਂ ਨੇ ਕਿਹਾ ਕਿ, ਭਾਰਤ ਹੁਣ ਆਤਮਵਿਸ਼ਵਾਸੀ ਏ ਅਤੇ ਆਪਣੇ ਵਿਰਸੇ ਦਾ ਅਧਿਐਨ ਕਰਨ ਅਤੇ ਸਮਝਣ ਲਈ ਕਿਸੇ ਹੋਰ ਦੀ ਇਜਾਜ਼ਤ ਦੀ ਉਡੀਕ ਨਹੀਂ ਕਰਦਾ।

---------------------------------------------------------------

ਭਾਰਤ ਦੇ ਚੀਫ਼ ਜਸਟਿਸ, ਜਸਟਿਸ ਸੂਰਿਆ ਕਾਂਤ ਨੇ ਅੱਜ ਉਸਾਰੂ ਅਸਹਿਮਤੀ ਅਤੇ ਵਿਚਾਰ-ਵਟਾਂਦਰੇ ਦੇ ਸੱਭਿਆਚਾਰ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਏ। ਨਵੀਂ ਦਿੱਲੀ ਵਿੱਚ ਚੱਲ ਰਹੇ ਬ੍ਰਿਕਸ ਚੀਫ਼ ਜਸਟਿਸ ਫੋਰਮ ਦੇ ਹਿੱਸੇ ਵਜੋਂ, ਜਸਟਿਸ ਸੂਰਿਆਕਾਂਤ ਨੇ ਬ੍ਰਿਕਸ ਮੈਂਬਰ ਦੇਸ਼ਾਂ ਅਤੇ ਭਾਈਵਾਲ ਦੇਸ਼ਾਂ ਦੇ ਵਫ਼ਦਾਂ ਨੂੰ ਸੰਬੋਧਨ ਕੀਤਾ। ਓਹਨਾਂ ਸਮੇਂ ਸਿਰ ਉਚਿਤ ਨਿਆਂ ਯਕੀਨੀ ਬਣਾਉਣ ਦੀ ਜ਼ਰੂਰਤ ‘ਤੇ ਜ਼ੋਰ ਦਿੱਤਾ. ਜਸਟਿਸ

ਸੂਰਿਆਕਾਂਤ ਨੇ ਯਾਦ ਦਿਵਾਇਆ ਕਿ ਕਿਵੇਂ ਨਾਲੰਦਾ ਯੂਨੀਵਰਸਿਟੀ ਸਭ ਤੋਂ ਪ੍ਰਸਿੱਧ ਵਿਦਿਅਕ ਕੇਂਦਰ ਹੁੰਦੀ ਸੀ ਜਿੱਥੇ ਦੁਨੀਆ ਭਰ ਦੇ ਵਿਦਿਆਰਥੀ ਅਤੇ ਖੋਜਕਰਤਾ ਬਿਨਾਂ ਕਿਸੇ ਭੇਦਭਾਵ ਜਾਂ ਰੁਕਾਵਟਾਂ ਦੇ ਦਾਖਲੇ ਲੈਂਦੇ ਸਨ। ਉਨ੍ਹਾਂ ਅੱਗੇ ਕਿਹਾ ਕਿ ਬ੍ਰਿਕਸ ਨੂੰ ਜੀਵਤ ਨਾਲੰਦਾ ਯੂਨੀਵਰਸਿਟੀ ਵਜੋਂ ਵੀ ਜਾਣਿਆ ਜਾਣਾ ਚਾਹੀਦਾ ਏ।

ਚੀਫ਼ ਜਸਟਿਸ ਨੇ ਇਹ ਵੀ ਕਿਹਾ ਕਿ ਭਾਰਤ ਨੇ ਹਾਲ ਹੀ ਦੇ ਸਾਲਾਂ ਵਿੱਚ ਆਪਣੀ ਨਿਆਂਇਕ ਪ੍ਰਣਾਲੀ ਦੇ ਮੂਲ ਵਿੱਚ ਵਿਚੋਲਗੀ ਨੂੰ ਕਾਇਮ ਕਰਨ ਲਈ ਮਹੱਤਵਪੂਰਨ ਯਤਨ ਕੀਤੇ ਨੇ. ਉਨ੍ਹਾਂ ਕਿਹਾ ਕਿ ਦੇਸ਼ ਵਿਆਪੀ ਪਹਿਲਕਦਮੀ, "ਰਾਸ਼ਟਰ ਲਈ ਸਾਲਸੀ" ਨੇ ਵਿਚੋਲਗੀ ਨੂੰ ਵਧੇਰੇ ਜਨਤਕ ਅਤੇ ਸੰਸਥਾਗਤ ਮਹੱਤਵ ਦਿੱਤਾ ਏ । ਉਨ੍ਹਾਂ ਕਿਹਾ ਕਿ ਨਤੀਜੇ ਉਤਸ਼ਾਹਜਨਕ ਰਹੇ ਨੇ. ਚੀਫ਼ ਜਸਟਿਸ ਨੇ ਕਿਹਾ ਕਿ ਬ੍ਰਿਕਸ ਮੈਂਬਰ ਦੇਸ਼ਾਂ ਅਤੇ ਭਾਈਵਾਲ ਦੇਸ਼ਾਂ ਵਿਚਕਾਰ ਗੱਲਬਾਤ ਬਣਾਈ ਰੱਖਣ, ਵਪਾਰ ਜਾਰੀ ਰੱਖਣ ਅਤੇ ਵਿਸ਼ਵਾਸ ਵਧਾਉਣ ਲਈ ਵਿਚੋਲਗੀ ਨੂੰ ਮਜ਼ਬੂਤ ਕੀਤਾ ਜਾਣਾ ਚਾਹੀਦਾ ਏ।

---------------------------------------------------------------

ਅਮਲੇ, ਲੋਕ ਸ਼ਿਕਾਇਤਾਂ ਅਤੇ ਪੈਨਸ਼ਨਾਂ ਬਾਰੇ ਕੇਂਦਰੀ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਸੇਵਾ ਨੇਮਾਂ ਨੂੰ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਪ੍ਰਤੀ ਵਧੇਰੇ ਸੰਵੇਦਨਸ਼ੀਲ ਬਣਾਉਣ ਲਈ ਲਗਾਤਾਰ ਯਤਨ ਕਰਨ ਦਾ ਸੱਦਾ ਦਿੱਤਾ ਏ। ਡਾ. ਸਿੰਘ ਨੇ ਅੱਜ ਨਵੀਂ ਦਿੱਲੀ ਵਿੱਚ 'ਕੇਂਦਰੀ ਸਕੱਤਰੇਤ

ਸੇਵਾ ਫੋਰਮ (CSS)' ਦੀ 'CSS ਸ਼ੀਲਡ' ਪਹਿਲਕਦਮੀ ਦੀ ਸ਼ੁਰੂਆਤ ਮੌਕੇ, ਕਿਹਾ ਕਿ ਇਹ ਪਹਿਲਕਦਮੀ, ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਲੋੜਾਂ ਪ੍ਰਤੀ ਸਰਕਾਰੀ ਸੇਵਾ ਪ੍ਰਣਾਲੀਆਂ ਨੂੰ ਵਧੇਰੇ ਜਵਾਬਦੇਹ ਬਣਾਉਣ ਲਈ, 'ਅਮਲੇ ਬਾਰੇ ਮੰਤਰਾਲੇ' ਦੇ ਵਿਆਪਕ ਯਤਨਾਂ ਮੁਤਾਬਿਕ ਏ।

---------------------------------------------------------

ਨੇਪਾਲ ਵਿੱਚ ਆਏ ਭਿਆਨਕ ਹੜ੍ਹਾਂ ਵਿੱਚ ਮਰਨ ਵਾਲਿਆਂ ਦੀ ਗਿਣਤੀ, ਵੱਧ ਕੇ ਇੱਕ ਹਜ਼ਾਰ 344 ਹੋ ਗਈ ਏ। ਹੜ੍ਹਾਂ ਨਾਲ ਪ੍ਰਭਾਵਿਤ ਅੱਠ ਜ਼ਿਲ੍ਹਿਆਂ ਵਿੱਚ ਬਚਾਅ ਕਾਰਜ ਜਾਰੀ ਨੇ, ਜਦਕਿ ਕਰੀਬ 5 ਹਜ਼ਾਰ ਲੋਕ ਅਜੇ ਵੀ ਲਾਪਤਾ ਨੇ। ਹੁਣ ਤੱਕ 13 ਹਜ਼ਾਰ ਤੋਂ ਵੱਧ ਲੋਕਾਂ ਨੂੰ ਬਚਾਇਆ ਜਾ ਚੁਕਾ ਏ।

ਨੁਵਾਕੋਟ ਜ਼ਿਲ੍ਹੇ ਵਿੱਚ, ਇੱਕ 60 ਸਾਲਾ ਔਰਤ ਨੂੰ ਚਾਰ ਮੰਜ਼ਿਲਾ ਮਕਾਨ ਦੇ ਮਲਬੇ ਹੇਠ 10 ਦਿਨਾਂ ਤੱਕ ਫਸੇ ਰਹਿਣ ਤੋਂ ਬਾਅਦ ਜਿਉਂਦੇ ਬਾਹਰ ਕੱਢਿਆ ਗਿਆ।

ਇਸ ਦੌਰਾਨ, ਨੇਪਾਲ, ਭਾਰਤ ਅਤੇ ਚੀਨ ਦੀਆਂ ਬਚਾਅ ਟੀਮਾਂ, ਹੜ੍ਹ-ਪ੍ਰਭਾਵਿਤ ਪਣ-ਬਿਜਲੀ ਪ੍ਰੋਜੈਕਟਾਂ ਦੀਆਂ ਸੁਰੰਗਾਂ ਵਿੱਚ ਫਸੇ ਲੋਕਾਂ ਨੂੰ ਬਾਹਰ ਕੱਢਣ ਲਈ ਸਾਂਝੀ ਮੁਹਿੰਮ ਚਲਾ ਰਹੀਆਂ ਨੇ।

---

ਬਿਹਾਰ ਦੇ ਕਈ ਹਿੱਸਿਆਂ ਵਿੱਚ ਹੜ੍ਹ ਨਾਲ ਆਮ ਜੀਵਨ ਪ੍ਰਭਾਵਿਤ ਹੋਇਆ ਏ. ਗੰਗਾ ਅਤੇ ਕਈ ਹੋਰ ਪ੍ਰਮੁੱਖ ਦਰਿਆ ਵੱਖ-ਵੱਖ ਥਾਵਾਂ 'ਤੇ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਵਗ ਰਹੇ ਨੇ. ਪ੍ਰਸ਼ਾਸਨ ਨੇ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਜੰਗੀ ਪੱਧਰ 'ਤੇ ਰਾਹਤ ਅਤੇ ਬਚਾਅ ਕਾਰਜ ਤੇਜ਼ ਕਰ ਦਿੱਤੇ ਨੇ।

---

ਅਫ਼ਰੀਕੀ ਯੂਨੀਅਨ ਕਮਿਸ਼ਨ ਦੇ ਚੇਅਰਪਰਸਨ ਮਹਿਮੂਦ ਅਲੀ ਯੂਸਫ਼ ਨੇ ਸੰਯੁਕਤ ਰਾਸ਼ਟਰ ਮਹਾਸਭਾ ਦੇ ਮਤੇ ਦਾ ਸਵਾਗਤ ਕੀਤਾ ਏ ਜਿਸ ਵਿੱਚ ਦੁਨੀਆ ਭਰ ਦੇ ਨਕਸ਼ਿਆਂ ਵਿੱਚ ਇੱਕ ਸਮਾਨ ਧਰਤੀ ਦੇ ਨਕਸ਼ੇ ਨੂੰ ਅਪਣਾਉਣ ਨੂੰ ਉਤਸ਼ਾਹਿਤ ਕੀਤਾ ਗਿਆ ਏ। ਇਹ ਮਤਾ ਵਿਆਪਕ ਤੌਰ 'ਤੇ ਵਰਤੇ ਜਾਣ ਵਾਲੇ ਮਰਕੇਟਰ ਨਕਸ਼ੇ ਦੀ ਥਾਂ ਲਵੇਗਾ।

---

ਔਰਤਾਂ ਦੇ ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ twenty-twenty ਏਸ਼ੀਆ ਕੱਪ ਦੇ ਆਖਰੀ ਗਰੁੱਪ-'ਏ' ਮੈਚ ਵਿੱਚ, ਪਾਕਿਸਤਾਨ ਨਾਲ ਹੋ ਰਿਹਾ ਏ।

ਪਾਕਿਸਤਾਨ ਨੇ ਟਾਸ ਜਿੱਤ ਕੇ, ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ ਏ।

ਭਾਰਤ ਨੇ ਥਾਈਲੈਂਡ ਅਤੇ ਹਾਂਗਕਾਂਗ ਨੂੰ ਹਰਾ ਕੇ, ਪਹਿਲਾਂ ਹੀ ਸੈਮੀਫਾਈਨਲ ਵਿੱਚ ਆਪਣੀ ਥਾਂ ਪੱਕੀ ਕਰ ਲਈ ਏ।

-----------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਸਿੱਖਿਆ ਸਾਡੇ ਸੰਵਿਧਾਨ ਵਿੱਚ ਦਰਜ ਮੌਕੇ ਦੀ ਸਮਾਨਤਾ ਦੇ ਆਦਰਸ਼ ਨੂੰ ਸਾਕਾਰ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ, ਸ਼੍ਰੀ ਰਾਮ ਕਾਲਜ ਆਫ਼ ਕਾਮਰਸ (SRCC) ਦੇ ਸ਼ਤਾਬਦੀ ਸਮਾਰੋਹ ਵਿੱਚ ਹਿੱਸਾ ਲੈ ਰਹੇ ਨੇ।

- ਭਾਰਤ ਦੇ ਚੀਫ਼ ਜਸਟਿਸ, ਜਸਟਿਸ ਸੂਰਿਆ ਕਾਂਤ ਨੇ ਕਿਹਾ ਏ ਕਿ ਬ੍ਰਿਕਸ ਮੈਂਬਰ ਦੇਸ਼ਾਂ ਅਤੇ ਭਾਈਵਾਲ ਦੇਸ਼ਾਂ ਵਿਚਕਾਰ ਗੱਲਬਾਤ ਬਣਾਈ ਰੱਖਣ, ਅਤੇ ਵਿਸ਼ਵਾਸ ਵਧਾਉਣ ਲਈ ਵਿਚੋਲਗੀ ਨੂੰ ਮਜ਼ਬੂਤ ਕੀਤਾ ਜਾਣਾ ਚਾਹੀਦਾ ਏ।

- ਅਮਲੇ, ਲੋਕ ਸ਼ਿਕਾਇਤਾਂ ਅਤੇ ਪੈਨਸ਼ਨਾਂ ਬਾਰੇ ਕੇਂਦਰੀ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਸੇਵਾ ਨੇਮਾਂ ਨੂੰ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਪ੍ਰਤੀ ਵਧੇਰੇ ਸੰਵੇਦਨਸ਼ੀਲ ਬਣਾਉਣ ਲਈ ਲਗਾਤਾਰ ਯਤਨ ਕਰਨ ਦਾ ਸੱਦਾ ਦਿੱਤਾ ਏ।

- ਔਰਤਾਂ ਦੇ ਕ੍ਰਿਕੇਟ ਵਿੱਚ, twenty-twenty ਏਸ਼ੀਆ ਕੱਪ ਦੇ ਗਰੁੱਪ 'ਏ' ਦੇ ਆਖਰੀ ਮੈਚ ਵਿੱਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ. ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸਵੇਰੇ ਸਾਢੇ 8 ਵਜੇ ਹੋਏਗਾ.**

**ਨਮਸਕਾਰ!**